# ਦਫਤਰ ਜਿਲ੍ਹਾ ਮੈਜਿਸਟਰੇਟ, ਰੂਪਨਗਰ।
## (ਫੁਟਕਲ ਸ਼ਾਖਾ)

ਹੁਕਮ:

ਜਿਲਾ ਸਿੱਖਿਆ ਅਫਸਰ (ਸੈ:ਸਿੱ:), ਰੂਪਨਗਰ ਨੇ ਆਪਣੇ ਦਫਤਰ ਦੇ ਪੱਤਰ ਜੀ-1/2018/998 ਮਿਤੀ 21-2-2018 ਰਾਹੀਂ ਮੇਰੇ ਧਿਆਨ ਵਿਚ ਲਿਆਂਦਾ ਕਿ ਪੰਜਾਬ ਸਕੂਲ ਸਿੱਖਿਆ ਬੋਰਡ,ਐਸ.ਏ.ਐਸ.ਨਗਰ ਵਲੋਂ ਦਸਵੀਂ/ ਬਾਰ੍ਹਵੀਂ ਦੀਆਂ ਸਾਲਾਨਾ ਪ੍ਰੀਖਿਆਵਾਂ (ਸਮੇਤ ਓਪਨ ਸਕੂਲ) ਜੋ ਕਿ ਮਿਤੀ 28-02-2018 ਤੋਂ ਮਿਤੀ 31-03-2018 ਤੱਕ ਜਿਲ੍ਹਾ ਰੂਪਨਗਰ ਦੇ ਸਕੂਲਾਂ ਅੰਦਰ (ਨੱਥੀ ਲਿਸਟ ਅਨੁਸਾਰ) ਕਰਵਾਈਆਂ ਜਾ ਰਹੀਆਂ ਹਨ। ਇਨ੍ਹਾਂ ਪ੍ਰੀਖਿਆਵਾਂ ਦੇ ਸੁਚੱਜੇ ਸੰਚਾਲਣ ਲਈ ਪ੍ਰੀਖਿਆ ਕੇਂਦਰਾਂ ਦੇ ਇਰਦ-ਗਿਰਦ ਧਾਰਾ 144 ਲਗਾਉਣ ਦੀ ਲੋੜ ਮਹਿਸੂਸ ਕੀਤੀ ਗਈ ਹੈ ਤਾਂ ਜੋ ਪ੍ਰੀਖਿਆ ਕੇਂਦਰਾਂ ਦੇ ਨੇੜੇ ਵਿਦਿਆਰਥੀਆਂ ਦੇ ਮਾਤਾ-ਪਿਤਾ/ ਰਿਸ਼ਤੇਦਾਰ/ ਮਿੱਤਰ ਆਦਿ ਇਕੱਠੇ ਨਾ ਹੋਣ, ਅਜਿਹੀ ਅਣਸੁਖਾਵੀਂ ਘਟਨਾ ਨਾ ਵਾਪਰੇ, ਜਿਸ ਨਾਲ ਕਿ ਪ੍ਰੀਖਿਆਵਾਂ ਦੀ ਪਵਿੱਤਰਤਾ ਭੰਗ ਹੋਵੇ ਅਤੇ ਅਮਨ ਅਤੇ ਕਾਨੂੰਨ ਦੀ ਸਥਿਤੀ ਨਾ ਵਿਗੜੇ।

ਇਸ ਲਈ ਮੈਂ ਗੁਰਨੀਤ ਤੇਜ, ਆਈ.ਏ.ਐਸ , ਜਿਲ੍ਹਾ ਮੈਜਿਸਟ੍ਰੇਟ, ਰੂਪਨਗਰ ਜੇਰੇ ਧਾਰਾ 144 ਸੀ.ਆਰ.ਪੀ.ਸੀ. ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ, ਪੰਜਾਬ ਸਕੂਲ ਸਿੱਖਿਆ ਬੋਰਡ, ਵਲੋਂ ਦਸਵੀਂ ਅਤੇ ਬਾਰ੍ਹਵੀਂ ਕਲਾਸ ਦੀਆਂ ਪ੍ਰੀਖਿਆਵਾਂ ਜੋ ਕਿ ਮਿਤੀ 28-02-2018 ਤੋਂ ਮਿਤੀ 31-03-2018 ਤੱਕ ਹੋਣੀਆਂ ਹਨ, ਦੇ ਪ੍ਰੀਖਿਆ ਕੇਂਦਰਾਂ ਦੇ 100 ਮੀਟਰ ਦੇ ਘੇਰੇ ਅੰਦਰ ਪੰਜ ਜਾਂ ਪੰਜ ਤੋਂ ਵੱਧ ਵਿਅਕਤੀਆਂ ਦੇ ਇਕੱਠੇ ਹੋਣ ਤੇ ਪੂਰਨ ਪਾਬੰਦੀ ਲਗਾਉਂਦੀ ਹਾਂ।

ਇਹ ਪਾਬੰਦੀ ਇਨ੍ਹਾਂ ਸਕੂਲਾਂ ਦੇ ਟੀਚਰਾਂ/ ਸਟਾਫ਼ ਤੇ ਲਾਗੂ ਨਹੀਂ ਹੋਵੇਗੀ ਅਤੇ ਨਾ ਹੀ ਉਨ੍ਹਾਂ ਵਿਦਿਆਰਥੀਆਂ ਤੇ ਲਾਗੂ ਹੋਵੇਗੀ, ਜਿਨ੍ਹਾਂ ਦਾ ਪ੍ਰੀਖਿਆ ਸੈਂਟਰ ਇਨ੍ਹਾਂ ਸਕੂਲਾਂ ਵਿੱਚ ਬਣਿਆ ਹੋਇਆ ਹੈ।

ਇਹ ਹੁਕਮ **ਮਿਤੀ 28-02-2018 ਤੋਂ 31-03-2018 ਤੱਕ ਲਾਗੂ** ਰਹੇਗਾ।

ਇਹ ਹੁਕਮ ਅਮਨ ਤੇ ਕਾਨੂੰਨ ਦੀ ਸਥਿਤੀ ਨੂੰ ਮੁੱਖ ਰੱਖਦੇ ਹੋਏ ਇੱਕ ਤਰਫਾ ਪਾਸ ਕਰਕੇ ਆਮ ਪਬਲਿਕ ਦੇ ਨਾਮ ਸੰਬੋਧਿਤ ਕੀਤਾ ਜਾਂਦਾ ਹੈ ਅਤੇ ਜਿਲ੍ਹਾ ਲੋਕ ਸੰਪਰਕ ਵਿਭਾਗ ਦੀ ਪ੍ਰਚਾਰ ਗੱਡੀ ਰਾਹੀਂ ਐਲਾਨ ਕਰਕੇ ਉਪ ਮੰਡਲ ਮੈਜਿਸਟਰੇਟਸ/ ਨਗਰ ਪਾਲਕਾਵਾਂ ਦੇ ਦਫਤਰਾਂ/ ਬਲਾਕ ਵਿਕਾਸ ਤੇ ਪੰਚਾਇਤ ਅਫਸਰਾਂ ਦੇ ਦਫਤਰਾਂ / ਸਦਰ ਮੁਕਾਮਾਂ ਦੇ ਸੂਚਨਾ ਬੋਰਡ ਉਪਰ ਇਸ ਹੁਕਮ ਦੀਆਂ ਨਕਲਾਂ ਚਸਪਾ ਕਰਕੇ ਲਾਗੂ ਕੀਤਾ ਜਾਵੇਗਾ।

ਇਹ ਹੁਕਮ ਮੇਰੇ ਹਸਤਾਖਰਾਂ ਅਤੇ ਅਦਾਲਤੀ ਮੋਹਰ ਅਧੀਨ ਅੱਜ ਮਿਤੀ 22-02-2018 ਨੂੰ ਜਾਰੀ ਕੀਤਾ ਗਿਆ।

ਸਤਯਮੇਵ ਜਯਤੇ
ਰੂਪਨਗਰ।

ਸਹੀ/-
ਗੁਰਨੀਤ ਤੇਜ, ਆਈ.ਏ.ਐਸ.,
ਜਿਲ੍ਹਾ ਮੈਜਿਸਟਰੇਟ,ਰੂਪਨਗਰ।

ਪਿੱਠ ਅੰਕਣ ਨੰ: 4982-5031 /ਫਸ ਮਿਤੀ 23/2/18

ਇਸ ਦਾ ਇੱਕ ਉਤਾਰਾ:-

1. ਮੁੱਖ ਸਕੱਤਰ, ਪੰਜਾਬ, ਚੰਡੀਗੜ੍ਹ।
2. ਪ੍ਰਮੁੱਖ ਸਕੱਤਰ, ਪੰਜਾਬ ਸਰਕਾਰ, ਸਕੂਲ ਸਿੱਖਿਆ ਵਿਭਾਗ, ਚੰਡੀਗੜ੍ਹ।
3. ਸਕੱਤਰ, ਪੰਜਾਬ ਸਕੂਲ ਸਿੱਖਿਆ ਬੋਰਡ, ਸਾਹਿਬਜਾਦਾ ਅਜੀਤ ਸਿੰਘ ਨਗਰ (ਕਾਰਜ ਸੰਚਾਲਨ ਸ਼ਾਖਾ)
4. ਕਮਿਸ਼ਨਰ, ਰੂਪਨਗਰ ਮੰਡਲ, ਰੂਪਨਗਰ।
5. ਜਿਲ੍ਹਾ ਤੇ ਸੈਸ਼ਨ ਜੱਜ, ਰੂਪਨਗਰ।
6. ਸਮੂਹ ਜਿਲ੍ਹਾ ਮੈਜਿਸਟਰੇਟ, ਐਸ.ਏ.ਐਸ. ਨਗਰ(ਮੋਹਾਲੀ), ਪਟਿਆਲਾ, ਫਤਿਹਗੜ੍ਹ ਸਾਹਿਬ, ਸੰਗਰੂਰ, ਬਰਨਾਲਾ, ਬਠਿੰਡਾ, ਸ੍ਰੀ ਮੁਕਤਸਰ ਸਾਹਿਬ, ਫਰੀਦਕੋਟ, ਫਿਰੋਜਪੁਰ, ਮਾਨਸਾ, ਮੋਗਾ, ਲੁਧਿਆਣਾ, ਜਲੰਧਰ, ਕਪੂਰਥਲਾ, ਤਰਨਤਾਰਨ, ਅੰਮ੍ਰਿਤਸਰ, ਗੁਰਦਾਸਪੁਰ, ਹੁਸ਼ਿਆਰਪੁਰ, ਸਹੀਦ ਭਗਤ ਸਿੰਘ ਨਗਰ (ਨਵਾਂ ਸ਼ਹਿਰ), ਫਾਜਿਲਕਾ, ਪਠਾਨਕੋਟ
7. ਸੀਨੀਅਰ ਪੁਲਿਸ ਕਪਤਾਨ, ਰੂਪਨਗਰ। (20 ਕਾਪੀਆਂ)
8. ਉਪ ਮੰਡਲ ਮੈਜਿਸਟਰੇਟ, ਰੂਪਨਗਰ/ ਸ੍ਰੀ ਚਮਕੌਰ ਸਾਹਿਬ/ ਸ੍ਰੀ ਆਨੰਦਪੁਰ ਸਾਹਿਬ/ ਨੰਗਲ/ਮੋਰਿੰਡਾ
9. ਜਿਲ੍ਹਾ ਸਿੱਖਿਆ ਅਫਸਰ,(ਸੈਕੰਡਰੀ/ਪ੍ਰਾਇਮਰੀ) ਰੂਪਨਗਰ।
10. ਜਿਲ੍ਹਾ ਲੋਕ ਸੰਪਰਕ ਅਫਸਰ, ਰੂਪਨਗਰ।(05 ਕਾਪੀਆ)
11. ਪੀ.ਏ. ਟੂ ਡੀ.ਐਮ./ਏ.ਡੀ.ਐਮ./ਸਟੈਨੋ ਟੂ ਸ.ਕ.(ਜਨਰਲ)
12. DIO / Rupnagar.

ਨੂੰ ਸੂਚਨਾ ਤੇ ਯੋਗ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

ਸਹਾਇਕ ਕਮਿਸ਼ਨਰ(ਜਨ)
ਵਾ: ਜਿਲ੍ਹਾ ਮੈਜਿਸਟਰੇਟ,
ਰੂਪਨਗਰ।